ਆਕਾਸ਼ਵਾਣੀ ਜਲੰਧਰ

ਪ੍ਰਦੇਸ਼ਿਕ ਖਬਰਾਂ ਪੰਜਾਬੀ

18:20

ਮਿਤੀ : 20-03-2026

ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ

- ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਨਵੀਂ ਦਿੱਲੀ ਵਿੱਚ ਸੀਨੀਅਰ ਅਧਿਕਾਰੀਆਂ ਨਾਲ ਦੇਸ਼ ਦੀ ਖੇਤੀਬਾੜੀ ਸਥਿਤੀ ਦੀ ਸਮੀਖਿਆ ਕੀਤੀ- ਕਿਸਾਨਾਂ ਨੂੰ ਜਲਦੀ ਤੋਂ ਜਲਦੀ ਰਾਹਤ ਪ੍ਰਦਾਨ ਕਰਨ ਲਈ ਨਿਰਦੇਸ਼ ਦਿੱਤੇ ।

- ਕੇਂਦਰੀ ਰੇਲਵੇ ਮੰਤਰਾਲੇ ਨੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੀ ਪਵਿੱਤਰ ਧਰਤੀ ਤਲਵੰਡੀ ਸਾਬੋ ਤੱਕ ਇੱਕ ਰੇਲਵੇ ਲਿੰਕ ਨੂੰ ਮਨਜ਼ੂਰੀ ਦਿੱਤੀ ।

- ਪੰਜਾਬ ਸਰਕਾਰ ਵਲੋਂ ਲੁਧਿਆਣਾ ਵਿੱਚ ਦੇਸ਼ ਦੇ ਦੂਜੇ ਸਭ ਤੋਂ ਵੱਡੇ ਟਾਟਾ ਸਟੀਲ ਪਲਾਂਟ ਸ਼ੁਰੂਆਤ- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੀਤਾ ਉਦਘਾਟਨ।

- ਪੰਜਾਬ ਰਾਜ ਸਾਈਬਰ ਅਪਰਾਧ ਵਿੰਗ ਨੇ ਵਿਦੇਸ਼ੀ ਹੈਂਡਲਰਾਂ ਨਾਲ ਜੁੜੇ ਇੱਕ ਰੈਕੇਟ ਦਾ ਪਰਦਾਫਾਸ਼ ਕਰਦਿਆਂ 3 ਮੁਲਜ਼ਮਾਂ ਨੂੰ ਕੀਤਾ ਗ੍ਰਿਫ਼ਤਾਰ ।

- ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ, ਚੰਡੀਗੜ੍ਹ ਸਮੇਤ ਉੱਤਰੀ ਭਾਰਤ ਦੇ ਕਈ ਹਿੱਸਿਆਂ ਵਿੱਚ ਗਰਜ-ਨਾਲ ਹਨੇਰੀ ਝਖੜ ਤੇ ਗੜ੍ਹੇਮਾਰੀ ਦੀ ਪੇਸ਼ੀਨਗੋਈ ਕੀਤੀ।

<u>ਹੁਣ ਖਬਰਾਂ ਵਿਸਥਾਰ ਨਾਲ</u>

ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਨਵੀਂ ਦਿੱਲੀ ਵਿੱਚ ਸੀਨੀਅਰ ਅਧਿਕਾਰੀਆਂ ਨਾਲ ਦੇਸ਼ ਦੀ ਖੇਤੀਬਾੜੀ ਸਥਿਤੀ ਦੀ ਸਮੀਖਿਆ ਕੀਤੀ। ਇਹ ਮੀਟਿੰਗ ਕਈ ਰਾਜਾਂ ਵਿੱਚ ਬੇਮੌਸਮੀ ਬਾਰਿਸ਼ ਅਤੇ ਗੜੇਮਾਰੀ ਕਾਰਨ ਫਸਲਾਂ ਨੂੰ

ਹੋਏ ਨੁਕਸਾਨ ਦੇ ਮੱਦੇਨਜ਼ਰ ਕੀਤੀ ਗਈ ਸੀ। ਸ਼੍ਰੀ ਚੌਹਾਨ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਕਿਸਾਨਾਂ ਨੂੰ ਜਲਦੀ ਤੋਂ ਜਲਦੀ ਰਾਹਤ ਪ੍ਰਦਾਨ ਕਰਨ ਲਈ ਤੁਰੰਤ ਸਰਵੇਖਣ ਕਰਨ ਅਤੇ ਲੋੜੀਂਦੀ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਗਏ ਨੇ । ਉਨ੍ਹਾਂ ਇਹ ਵੀ ਕਿਹਾ ਕਿ ਘੱਟੋ-ਘੱਟ ਸਮਰਥਨ ਮੁੱਲ 'ਤੇ ਸੁਚਾਰੂ ਖਰੀਦ ਯਕੀਨੀ ਬਣਾਈ ਗਈ ਹੈ ਤਾਂ ਜੋ ਕਿਸਾਨਾਂ ਨੂੰ ਉਨ੍ਹਾਂ ਦੀ ਉਪਜ ਦਾ ਉਚਿਤ ਮੁੱਲ ਮਿਲ ਸਕੇ। ਖੇਤੀਬਾੜੀ ਮੰਤਰੀ ਨੇ ਦੱਸਿਆ ਕਿ ਸਥਾਨਕ ਜ਼ਰੂਰਤਾਂ ਅਨੁਸਾਰ ਸਾਉਣੀ ਫਸਲਾਂ ਲਈ ਬਿਹਤਰ ਰਣਨੀਤੀਆਂ ਤਿਆਰ ਕਰਨ ਲਈ ਆਉਣ ਵਾਲੇ ਖਰੀਫ ਸੀਜ਼ਨ ਲਈ ਦੇਸ਼ ਦੇ ਵੱਖ-ਵੱਖ ਖੇਤਰਾਂ ਵਿੱਚ ਖੇਤਰੀ ਕਾਨਫਰੰਸਾਂ ਦਾ ਆਯੋਜਨ ਕਰਨ ਦਾ ਫੈਸਲਾ ਕੀਤਾ ਗਿਆ ਏ ।

ਰੇਲਵੇ ਮੰਤਰਾਲੇ ਨੇ ਸਿੱਖ ਧਰਮ ਦੇ ਪੰਜ ਤਖ਼ਤਾਂ ਵਿੱਚੋਂ ਇੱਕ - ਤਖ਼ਤ ਸ੍ਰੀ ਦਮਦਮਾ ਸਾਹਿਬ ਦੀ ਪਵਿੱਤਰ ਧਰਤੀ ਤਲਵੰਡੀ ਸਾਬੋ ਤੱਕ ਇੱਕ ਰੇਲਵੇ ਲਿੰਕ ਨੂੰ ਮਨਜ਼ੂਰੀ ਦੇ ਦਿੱਤੀ ਏ । ਕੇਂਦਰੀ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਨੇ ਅੱਜ ਬਠਿੰਡਾ ਵਿੱਚ ਮੰਤਰਾਲੇ ਦੀ

ਇਸ ਪਹਿਲਕਦਮੀ ਦਾ ਐਲਾਨ ਕਰਦੇ ਹੋਏ ਕਿਹਾ ਕਿ ਇਸ ਪ੍ਰੋਜੈਕਟ ਨਾਲ, ਤਖ਼ਤ ਸ੍ਰੀ ਦਮਦਮਾ ਸਾਹਿਬ ਹੁਣ ਹੋਰ ਚਾਰ ਤਖ਼ਤਾਂ ਨਾਲ ਰੇਲ ਰਾਹੀਂ ਜੁੜ ਜਾਵੇਗਾ, ਜੋ ਧਾਰਮਿਕ ਅਤੇ ਖੇਤਰੀ ਸੰਪਰਕ ਨੂੰ ਮਜ਼ਬੂਤ ਕਰਨ ਵਿੱਚ ਇੱਕ ਮਹੱਤਵਪੂਰਨ ਕਦਮ ਏ। ਉਨ੍ਹਾਂ ਕਿਹਾ ਕਿ ਰਾਮਾ ਮੰਡੀ-ਸਾਡਾ ਸਿੰਘਵਾਲਾ ਨਵਾਂ ਬ੍ਰੌਡ ਗੇਜ ਰੇਲ ਲਾਈਨ ਪ੍ਰੋਜੈਕਟ ਮਾਨਸਾ-ਬਠਿੰਡਾ ਡਬਲਿੰਗ ਪ੍ਰੋਜੈਕਟ ਦੇ ਤਹਿਤ ਇੱਕ ਪ੍ਰਮੁੱਖ ਬੁਨਿਆਦੀ ਢਾਂਚਾ ਪਹਿਲਕਦਮੀ ਏ।

BYTE

ਇਹ ਮਾਨਸਾ ਅਤੇ ਬਠਿੰਡਾ ਜ਼ਿਲ੍ਹਿਆਂ ਨੂੰ ਕਵਰ ਕਰੇਗਾ ਅਤੇ ਇਸ ਨਾਲ ਆਵਾਜਾਈ ਅਤੇ ਖੇਤਰੀ ਵਿਕਾਸ ਵਿੱਚ ਮਹੱਤਵਪੂਰਨ ਵਾਧਾ ਹੋਣ ਦੀ ਉਮੀਦ ਏ। ਮੰਤਰੀ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਲੋਕਾਂ ਦੀ ਚਿਰੋਕਣੀ ਮੰਗ ਨੂੰ ਪੂਰਾ ਕਰਦਿਆਂ ਵਿਕਾਸ ਅਤੇ ਬੁਨਿਆਦੀ ਢਾਂਚੇ ਰਾਹੀਂ ਸਿੱਖ ਧਰਮ ਦਾ ਸਨਮਾਨ ਕਰਨ ਲਈ ਠੋਸ ਕਦਮ ਚੁਕੇ ਨੇ। ਓਧਰ ਪੰਜਾਬ BJP ਪ੍ਰਧਾਨ ਸੁਨੀਲ ਜਾਖੜ ਨੇ ਸਮੂਹ ਪੰਜਾਬੀਆਂ ਨੂੰ ਵਧਾਈਆਂ ਦਿੰਦਿਆਂ ਸੂਬਾ ਵਾਸੀਆਂ ਦੀ ਦਹਾਕਿਆਂ ਪੁਰਾਣੀ ਮੰਗ ਨੂੰ ਪੂਰਾ ਕਰਦਿਆਂ

ਪ੍ਰਧਾਨ ਮੰਤਰੀ ਅਤੇ ਰੇਲ ਮੰਤਰੀ ਅਸ਼ਵਨੀ ਵੈਸ਼ਨਵ ਤੇ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਦਾ ਇਹ ਨਵਾਂ ਰੇਲ ਲਿੰਕ ਦੇਣ ਲਈ ਧੰਨਵਾਦ ਕੀਤਾ ਏ।

ਸਰਕਾਰ ਨੇ ਅੱਜ ਭਰੋਸਾ ਦਿਵਾਇਆ ਏ ਕਿ ਸਾਰੇ ਤੇਲ ਸੋਧ ਕਾਰਖਾਨੇ ਆਪਣੀ ਪੂਰੀ ਸਮਰੱਥਾ ਨਾਲ ਕੰਮ ਕਰ ਰਹੇ ਨੇ ਅਤੇ ਕੱਚੇ ਤੇਲ ਦਾ ਲੋੜੀਂਦਾ ਭੰਡਾਰ ਮੌਜੂਦ ਏ. ਘਰੇਲੂ ਐਲਪੀਜੀ ਉਤਪਾਦਨ ਸਥਿਰ ਏ , ਅਤੇ ਕਾਫ਼ੀ ਸਟਾਕ ਉਪਲਬਧ ਏ। ਅੱਜ ਨਵੀਂ ਦਿੱਲੀ ਵਿੱਚ ਪੱਛਮੀ ਏਸ਼ੀਆ ਵਿੱਚ ਹਾਲ ਹੀ ਵਿੱਚ ਹਾਲੀਆ ਗਤੀਵਿਧੀਆਂ ਬਾਰੇ ਅੰਤਰ-ਮੰਤਰਾਲਾ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਦੇ JOINT ਸਕੱਤਰ, ਸੁਜਾਤਾ ਸ਼ਰਮਾ ਨੇ ਦੱਸਿਆ ਕਿ ਪਿਛਲੇ ਇੱਕ ਹਫ਼ਤੇ ਵਿੱਚ ਖਪਤਕਾਰਾਂ ਨੂੰ 11 ਹਜ਼ਾਰ 300 ਟਨ ਵਪਾਰਕ LPG ਸਪਲਾਈ ਕੀਤੀ ਗਈ ਏ। ਉਨ੍ਹਾਂ ਕਿਹਾ ਕਿ ਘਰੇਲੂ ਐਲਪੀਜੀ ਉਤਪਾਦਨ ਵਿੱਚ 40 ਪ੍ਰਤੀਸ਼ਤ ਦਾ ਵਾਧਾ ਹੋਇਆ ਏ, ਅਤੇ ਪ੍ਰਚੂਨ ਦੁਕਾਨਾਂ 'ਤੇ ਕੋਈ ਥੁੜ੍ਹ ਨਹੀਂ ਏ. ਓਹਨਾਂ ਇਹ ਵੀ ਦੱਸਿਆ ਕਿ

ਪ੍ਰੀਮੀਅਮ ਪੈਟਰੋਲ ਦੀਆਂ ਕੀਮਤਾਂ ਵਿੱਚ ਮਾਮੂਲੀ ਵਾਧਾ ਹੋਇਆ ਏ ਜਦੋਂ ਕਿ ਆਮ ਪੈਟਰੋਲ ਕੀਮਤਾਂ ਵਿੱਚ ਕੋਈ ਵਾਧਾ ਨਹੀਂ ਹੋਇਆ ਏ –

byte

ਪੰਜਾਬ ਸਰਕਾਰ ਨੇ ਉਦਯੋਗਿਕ ਕ੍ਰਾਂਤੀ ਵੱਲ ਅਹਿਮ ਕਦਮ ਚੁਕਦਿਆਂ ਲੁਧਿਆਣਾ ਵਿੱਚ ਟਾਟਾ ਸਟੀਲ ਪਲਾਂਟ ਦੀ ਸ਼ੁਰੂਆਤ ਕੀਤੀ ਏ । ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਲੁਧਿਆਣਾ ਵਿੱਚ ਦੇਸ਼ ਦੇ ਦੂਜੇ ਸਭ ਤੋਂ ਵੱਡੇ ਟਾਟਾ ਸਟੀਲ ਪਲਾਂਟ ਦਾ ਉਦਘਾਟਨ ਕੀਤਾ । ਇਸ ਮੌਕੇ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ।

BYTE

ਪੰਜਾਬ ਸਰਕਾਰ ਨੂੰ ਇਸ ਪਲਾਂਟ ਤੋਂ ਵੱਖ-ਵੱਖ ਟੈਕਸਾਂ ਰਾਹੀਂ 200 ਤੋਂ 300 ਕਰੋੜ ਦਾ ਸਾਲਾਨਾ ਮਾਲੀਆ ਵੀ ਪ੍ਰਾਪਤ ਹੋਵੇਗਾ । TMT ਬਾਰ ਅਤੇ ਮੁੱਖ ਤੌਰ 'ਤੇ ਉਸਾਰੀ ਖੇਤਰ ਲਈ ਹੋਰ ਸਟੀਲ ਉਤਪਾਦ ਇੱਥੇ ਤਿਆਰ ਕੀਤੇ ਜਾਣਗੇ । ਜ਼ਿਕਰਯੋਗ ਏ ਕਿ ਟਾਟਾ

ਸਟੀਲ ਨੇ ਇਸ 115 ਏਕੜ ਦੇ ਪਲਾਂਟ ਵਿੱਚ 3 ਹਜ਼ਾਰ 200 ਕਰੋੜ ਦਾ ਨਿਵੇਸ਼ ਕੀਤਾ ਏ।

ਪੰਜਾਬ ਰਾਜ ਸਾਈਬਰ ਅਪਰਾਧ ਵਿੰਗ ਨੇ ਵਿਦੇਸ਼ੀ ਹੈਂਡਲਰਾਂ ਨਾਲ ਜੁੜੇ ਜਾਅਲੀ ਬੈਂਕ ਖਾਤਿਆਂ ਦੇ ਇੱਕ ਰੈਕੇਟ ਦਾ ਪਰਦਾਫਾਸ਼ ਕਰਦਿਆਂ ਸਾਈਬਰ ਧੋਖਾਧੜੀ ਫੰਡਾਂ ਦੇ ਲੈਣ ਦੇਣ ਵਿਚ ਸ਼ਾਮਿਲ 3 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਏ। ਇਹ ਅਜਿਹਾ ਬੈਂਕ ਖਾਤਾ ਹੁੰਦਾ ਏ ਜਿਸਦੀ ਵਰਤੋਂ ਅਪਰਾਧੀਆਂ ਵਲੋਂ ਖਾਤਾ ਧਾਰਕ ਦੀ ਜਾਣਕਾਰੀ ਤੋਂ ਬਿਨਾਂ ਜਾਂ ਕਈ ਵਾਰ ਉਸਦੀ ਮਿਲੀਭੁਗਤ ਨਾਲ ਗੈਰ-ਕਾਨੂੰਨੀ ਫੰਡ ਪ੍ਰਾਪਤ ਕਰਨ, ਟ੍ਰਾਂਸਫਰ ਕਰਨ ਜਾਂ ਹਵਾਲਾ ਲੈਣ ਦੇਣ ਲਈ ਕੀਤੀ ਜਾਂਦੀ ਏ। ਪੁਲਿਸ ਸੂਤਰਾਂ ਮੁਤਾਬਿਕ ਉਹ ਪਿਛਲੇ ਦੋ ਸਾਲਾਂ ਤੋਂ ਧੋਖਾਧੜੀ ਵਾਲੇ ਪੈਸੇ ਦਾ ਲੈਣ ਦੇਣ ਕਰਨ ਲਈ ਜਾਅਲੀ ਬੈਂਕ ਖਾਤਿਆਂ ਨਾਲ ਜਾਅਲੀ ਫਰਮਾਂ ਚਲਾਉਣ ਵਿੱਚ ਸ਼ਾਮਲ ਸਨ। ਪੁਲਿਸ ਨੇ ਬੈਂਕ ਖਾਤਿਆਂ ਤੋਂ 20 ਲੱਖ ਰੁਪਏ, 5100 ਅਮਰੀਕੀ ਡਾਲਰ ਦੀ ਕ੍ਰਿਪਟੋ ਕਰੰਸੀ, 23 ATM ਕਾਰਡ, 2 ਲੈਪਟਾਪ, 7 ਮੋਬਾਈਲ

ਫੋਨ, 5 ਸਿਮ, ਕਈ ਚੈੱਕ ਬੁੱਕਾਂ ਅਤੇ ਸਟੈਂਪਾਂ ਦੇ ਨਾਲ ਜਾਅਲੀ KYEC ਦਸਤਾਵੇਜ਼ ਬਰਾਮਦ ਕੀਤੇ ਨੇ । ਵਿਆਪਕ ਸਬੰਧਾਂ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਏ ।

ਭਾਰਤੀ ਜਨਤਾ ਪਾਰਟੀ ਅਨੁਸੂਚਿਤ ਜਾਤੀ ਮੋਰਚਾ ਪੰਜਾਬ ਦੇ ਉਪ ਪ੍ਰਧਾਨ ਪਰਮਜੀਤ ਸਿੰਘ ਕੈਂਥ ਨੇ ਕੇਂਦਰ ਸਰਕਾਰ ਵੱਲੋਂ ਆੜਤੀਆਂ ਦੀ ਕਮਿਸ਼ਨ ਵਿੱਚ ਕੀਤੇ ਵਾਧੇ ਦਾ ਸਵਾਗਤ ਕੀਤਾ ਏ । ਉਨ੍ਹਾਂ ਕਿਹਾ ਕਿ ਪੰਜਾਬ ਅਤੇ ਹਰਿਆਣਾ ਵਿੱਚ ਕਣਕ ਦੀ ਖਰੀਦ ਲਈ ਆੜਤੀਆਂ ਨੂੰ ਦਿੱਤੀ ਜਾਣ ਵਾਲੀ ਕਮਿਸ਼ਨ 46 ਰੁਪਏ ਪ੍ਰਤੀ ਕੁਇੰਟਲਤੋਂ ਵਧਾ ਕੇ 50 ਰੁਪਏ 75 ਪੈਸੇ ਪ੍ਰਤੀ ਕੁਇੰਟਲ ਕਰ ਦਿੱਤੀ ਗਈ ਏ । ਇਹ ਫੈਸਲਾ ਕਣਕ ਅਤੇ ਜੀਰੀ ਵਰਗੀਆਂ ਮੁੱਖ ਫਸਲਾਂ ਦੀ ਖਰੀਦ ਪ੍ਰਣਾਲੀ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਏ । ਸ੍ਰੀ ਕੈਂਥ ਨੇ ਜ਼ੋਰ ਦੇ ਕੇ ਕਿਹਾ ਕਿ ਕਿਸਾਨ ਅਤੇ ਆੜਤੀ ਵਿਰੋਧੀ ਨਹੀਂ, ਸਗੋਂ ਇਕ ਦੂਜੇ ਦੇ ਸਾਥੀ ਨੇ ਅਤੇ ਖੇਤੀਬਾੜੀ ਆਰਥਿਕਤਾ ਦੇ ਅਹਿਮ ਭਾਗੀਦਾਰ ਨੇ । ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਇਸ ਹਕੀਕਤ ਨੂੰ ਸਮਝਦੀ

ਏ ਅਤੇ ਦੋਹਾਂ ਦੇ ਹਿੱਤਾਂ ਦੀ ਰੱਖਿਆ ਲਈ ਪੂਰੀ ਤਰ੍ਹਾਂ ਵਚਨਬੱਧ ਏ।

ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਜੇ.ਪੀ. ਨੱਡਾ ਨੇ ਮੂੰਹ ਦੀ ਸਿਹਤ ਬਾਰੇ ਆਲਮੀ ਦਿਹਾੜੇ ਮੌਕੇ ਲੋਕਾਂ ਨੂੰ ਮੂੰਹ ਦੀ ਸਫਾਈ ਦੀਆਂ ਬਿਹਤਰ ਆਦਤਾਂ ਅਪਣਾਉਣ ਦੀ ਅਪੀਲ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਨੱਡਾ ਨੇ ਇੱਕ ਸਿਹਤਮੰਦ ਅਤੇ ਜੀਵੰਤ ਮੁਸਕਰਾਹਟ ਬਣਾਈ ਰੱਖਣ ਲਈ ਸਹੀ ਬੁਰਸ਼ ਕਰਨ, ਮਿੱਠੇ ਭੋਜਨ ਨੂੰ ਸੀਮਤ ਕਰਨ ਅਤੇ ਦੰਦਾਂ ਦੀ ਜਾਂਚ ਵਰਗੇ ਸਧਾਰਨ ਉਪਾਵਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਪਰਿਵਾਰਾਂ ਨੂੰ ਬਿਹਤਰ ਮੂੰਹ ਦੀ ਸਿਹਤ ਲਈ ਸਿਹਤਮੰਦ ਆਦਤਾਂ ਅਪਣਾਉਣ ਲਈ ਇਕੱਠੇ ਕੰਮ ਕਰਨ ਲਈ ਵੀ ਉਤਸ਼ਾਹਿਤ ਕੀਤਾ। ਸਿਹਤ ਮੰਤਰੀ ਨੇ ਕਿਹਾ ਕਿ ਚੰਗੀ ਦੇਖਭਾਲ ਨਾ ਸਿਰਫ਼ ਮੁਸਕਰਾਹਟ ਨੂੰ ਚਮਕਦਾਰ ਰੱਖਦੀ ਏ ਮੁੱਚੀ ਸਿਹਤ ਨੂੰ ਵੀ ਉਤਸ਼ਾਹਿਤ ਕਰਦੀ ਏ।

ਓਧਰ ਫ਼ਿਰੋਜ਼ਪੁਰ ਦੇ ਸਿਵਲ ਹਸਪਤਾਲ ਵਿਖੇ ਸਿਵਲ ਸਰਜਨ

ਡਾ. ਰਾਜੀਵ ਪਰਾਸ਼ਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਮੂੰਹ ਦੀ ਸਿਹਤ ਜਾਂਚ ਸੰਬਧੀ ਕੈਂਪ ਤੇ ਜਾਗਰੂਕਤਾ ਸੈਮੀਨਾਰ ਲਗਾਇਆ ਗਿਆ। ਸੈਮੀਨਾਰ ਨੂੰ ਸੰਬੋਧਨ ਕਰਦਿਆਂ ਦੰਦਾ ਦੇ ਰੋਗਾਂ ਬਾਰੇ ਮਾਹਿਰ ਡਾ. ਪੰਕਜ ਗੁਪਤਾ ਨੇ ਕਿਹਾ ਕਿ ਵਿਸ਼ਵ ਓਰਲ ਹੈਲਥ ਦਿਵਸ ਮਨਾਉਣ ਦਾ ਮੁੱਖ ਮੱਕਸਦ ਦੁਨੀਆਂ ਭਰ ਦੇ ਲੋਕਾਂ ਵਿੱਚ ਮੂੰਹ ਦੀ ਸਿਹਤ ਦੀ ਜਰੂਰਤ ਬਾਰੇ ਜਾਗਰੂਕਤਾ ਫੈਲਾਉਣਾ ਅਤੇ ਲੋਕਾਂ ਨੂੰ ਆਪਣੇ ਮੂੰਹ ਨੂੰ ਸਿਹਤਮੰਦ ਰੱਖਣ ਲਈ ਹਰ ਸੰਭਵ ਕੋਸ਼ਿਸ਼ ਕਰਨ ਲਈ ਪ੍ਰੇਰਿਤ ਕਰਨਾ ਏ । ਇਸ ਕੜੀ ਤਹਿਤ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਸਰਕਾਰੀ ਸਿਹਤ ਸੰਸਥਾਵਾਂ ਵਿੱਖੇ ਜਾਗਰੂਕਤਾ ਕੈਂਪ ਲਗਾਉਣ ਦੇ ਨਾਲ- ਨਾਲ ਮੂੰਹ ਦੇ ਰੋਗਾਂ ਸਬੰਧੀ ਜਾਂਚ ਕੈਂਪ ਵੀ ਆਯੋਜਿਤ ਕੀਤੇ ਗਏ ਨੇ । ਸੈਮੀਨਾਰ ਦੌਰਾਨ ਜਿਲ੍ਹਾ ਮਾਸ ਮੀਡੀਆ ਅਫ਼ਸਰ ਸੰਜੀਵ ਸ਼ਰਮਾ ਅਤੇ ਡਿਪਟੀ ਮਾਸ ਮੀਡੀਆ ਅਫ਼ਸਰ ਨੇਹਾ ਭੰਡਾਰੀ ਨੇ ਦੱਸਿਆ ਕਿ ਦਿਨ ਵਿਚ ਘੱਟੋ-ਘੱਟ ਦੋ ਵਾਰ ਬੁਰਸ਼ ਜ਼ਰੂਰ ਕਰਨਾ ਚਾਹੀਦਾ ਏ । ਜਿਆਦਾ ਮਿੱਠੇ ਅਤੇ ਪ੍ਰੋਸੈਸਡ ਭੋਜਨ ਤੋਂ ਪਰਹੇਜ ਕਰਨਾ ਚਾਹੀਦਾ ਏ । ਮੁਹਾਲੀ ਜ਼ਿਲ੍ਹਾ ਹਸਪਤਾਲ ਮੋਹਾਲੀ ਅਤੇ ਏਮਜ਼ ਮੋਹਾਲੀ ਵਿਖੇ ਹੋਏ ਜ਼ਿਲ੍ਹਾ

ਪੱਧਰੀ ਜਾਗਰੂਕਤਾ ਸਮਾਗਮ ਨੂੰ ਸੰਬੋਧਨ ਕਰਦਿਆਂ ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਕਿਹਾ ਕਿ ਦੰਦਾਂ ਦੀ ਸਮੇਂ-ਸਮੇਂ ਸਿਰ ਜਾਂਚ ਅਤੇ ਸਾਂਭ-ਸੰਭਾਲ ਬੇਹੱਦ ਜ਼ਰੂਰੀ ਏ ਅਤੇ ਸਰਕਾਰੀ ਸਿਹਤ ਸੰਸਥਾਵਾਂ ਵਿਚ ਲੋਕਾਂ ਨੂੰ ਦੰਦਾਂ ਦੀ ਜਾਂਚ ਅਤੇ ਇਲਾਜ ਦੀਆਂ ਮਿਆਰੀ ਸਿਹਤ ਸਹੂਲਤਾਂ ਦਿਤੀਆਂ ਜਾ ਰਹੀਆਂ ਹਨ।

ਮੋਹਾਲੀ ਸਿਵਲ ਹਸਪਤਾਲ ਤੋਂ ਡਾ. ਹਰਪ੍ਰੀਤ ਕੌਰ ਨੇ ਦਸਿਆ ।

BYTE

ਮੌਸਮ ਵਿਭਾਗ ਨੇ ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਵਿੱਚ ਭਾਰੀ ਬਾਰਿਸ਼ ਦੀ ਪੇਸ਼ੀਨਗੋਈ ਕੀਤੀ ਏ. ਮੌਸਮ ਏਜੰਸੀ ਨੇ ਪੰਜਾਬ ਹਰਿਆਣਾ, ਚੰਡੀਗੜ੍ਹ,ਤੇ ਦਿੱਲੀ, ਸਮੇਤ ਉੱਤਰੀ ਭਾਰਤ ਦੇ ਕਈ ਹਿੱਸਿਆਂ ਵਿੱਚ ਗਰਜ-ਨਾਲ ਹਨੇਰੀ ਝਖੜ ਤੇ ਗੜ੍ਹੇਮਾਰੀ ਦੀ ਪੇਸ਼ੀਨਗੋਈ ਵੀ ਕੀਤੀ ਏ.ਇਧਰ ਜਲੰਧਰ ਸਮੇਤ ਪੰਜਾਬ ਦੇ ਹੋਰਨਾਂ ਕਈ ਜ਼ਿਲਿਆਂ ਚ ਅਚਾਨਕ ਗਰਜ ਨਾਲ ਤੇਜ਼ ਪੈਣਾ ਸ਼ੁਰੂ ਹੋ ਗਿਆ |

- ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਨਵੀਂ ਦਿੱਲੀ ਵਿੱਚ ਸੀਨੀਅਰ ਅਧਿਕਾਰੀਆਂ ਨਾਲ ਦੇਸ਼ ਦੀ ਖੇਤੀਬਾੜੀ ਸਥਿਤੀ ਦੀ ਸਮੀਖਿਆ ਕੀਤੀ- ਕਿਸਾਨਾਂ ਨੂੰ ਜਲਦੀ ਤੋਂ ਜਲਦੀ ਰਾਹਤ ਪ੍ਰਦਾਨ ਕਰਨ ਲਈ ਨਿਰਦੇਸ਼ ਦਿੱਤੇ।

- ਕੇਂਦਰੀ ਰੇਲਵੇ ਮੰਤਰਾਲੇ ਨੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੀ ਪਵਿੱਤਰ ਧਰਤੀ ਤਲਵੰਡੀ ਸਾਬੋ ਤੱਕ ਇੱਕ ਰੇਲਵੇ ਲਿੰਕ ਨੂੰ ਮਨਜ਼ੂਰੀ ਦਿੱਤੀ।

- ਪੰਜਾਬ ਸਰਕਾਰ ਵਲੋਂ ਲੁਧਿਆਣਾ ਵਿੱਚ ਦੇਸ਼ ਦੇ ਦੂਜੇ ਸਭ ਤੋਂ ਵੱਡੇ ਟਾਟਾ ਸਟੀਲ ਪਲਾਂਟ ਸ਼ੁਰੂਆਤ- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੀਤਾ ਉਦਘਾਟਨ।

- ਪੰਜਾਬ ਰਾਜ ਸਾਈਬਰ ਅਪਰਾਧ ਵਿੰਗ ਨੇ ਵਿਦੇਸ਼ੀ ਹੈਂਡਲਰਾਂ ਨਾਲ ਜੁੜੇ ਇੱਕ ਰੈਕੇਟ ਦਾ ਪਰਦਾਫਾਸ਼ ਕਰਦਿਆਂ 3 ਮੁਲਜ਼ਮਾਂ ਨੂੰ ਕੀਤਾ ਗ੍ਰਿਫ਼ਤਾਰ ।

- ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ, ਚੰਡੀਗੜ੍ਹ ਸਮੇਤ ਉੱਤਰੀ ਭਾਰਤ ਦੇ ਕਈ ਹਿੱਸਿਆਂ ਵਿੱਚ ਗਰਜ-ਨਾਲ ਹਨੇਰੀ ਝਖੜ ਤੇ ਗੜ੍ਹੇਮਾਰੀ ਦੀ ਪੇਸ਼ੀਨਗੋਈ ਕੀਤੀ।

ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ

ਨਮਸਕਾਰ !